# ਪੰਜਾਬ ਵਿਧਾਨ ਸਭਾ

## ਛੇਵਾਂ (ਬਜਟ) ਸਮਾਗਮ

## ਨਿਸ਼ਾਨ ਵਾਲੇ ਪ੍ਰਸ਼ਨ

## 05 ਮਾਰਚ, 2024

----

ਕੁੱਲ ਪ੍ਰਸ਼ਨ 20

----

### ਦੋਰਾਹਾ-ਜੈਪੁਰਾ ਸੜਕ ਦੀ ਮੁਰੰਮਤ

***935 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਲੋਕ ਨਿਰਮਾਣ, ਬਿਜਲੀ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਦੋਰਾਹਾ-ਜੈਪੁਰਾ ਸੜਕ ਦੀ ਮੁਰੰਮਤ ਕਰਾਉਣ ਦੀ ਕੋਈ ਤਜ਼ਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

### ਪੰਜਾਬ ਸਕੂਲ ਸਿੱਖਿਆ ਬੋਰਡ, ਖੇਤਰੀ ਦਫ਼ਤਰ, ਲਈ ਪੱਕੀ ਇਮਾਰਤ ਬਣਾਉਣਾ

***941 ਸ. ਗੁਰਦਿੱਤ ਸਿੰਘ ਸੇਖੋਂ (ਫਰੀਦਕੋਟ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ**

ਕੀ ਸਿੱਖਿਆ ਮੰਤਰੀ ਕਿਰਪਾ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ, ਖੇਤਰੀ ਦਫਤਰ ਲਈ ਫਰੀਦਕੋਟ ਵਿੱਚ ਕੋਈ ਪਰੋਪਰ ਦਫਤਰ ਨਹੀਂ ਹੈ ਅਤੇ ਇਸ ਸਮੇਂ ਜੋ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਖੇਤਰੀ ਦਫਤਰ ਜਿਲ੍ਹਾ ਸਿਖਲਾਈ ਸੰਸਥਾ ਫਰੀਦਕੋਟ ਦੇ ਹੋਸਟਲ ਵਿੱਚ ਚੱਲ ਰਿਹਾ ਹੈ, ਉਸ ਦੀ ਹਾਲਤ ਬਹੁਤ ਖਰਾਬ ਹੈ ਅਤੇ ਕਿਸੇ ਵੇਲੇ ਵੀ ਅਣਸੁਖਾਵੀਂ ਘਟਨਾ ਹੋ ਸਕਦੀ ਹੈ; ਜੇਕਰ ਅਜਿਹਾ ਹੈ ਤਾਂ ਕੀ ਇਸ ਦਫਤਰ ਲਈ ਪੱਕੀ ਇਮਾਰਤ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋ ਤੱਕ?

----

### ਲਹੌਰ ਬ੍ਰਾਂਚ ਨਹਿਰ ਦੀ ਲਾਇਨਿੰਗ ਦੇ ਕੰਮ ਦੀ ਤਾਜ਼ਾ ਸਥਿਤੀ

***949 ਸ. ਸੁਖਬਿੰਦਰ ਸਿੰਘ ਸਰਕਾਰੀਆ (ਰਾਜਾ ਸਾਂਸੀ ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ :-**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :-

**ੳ)** ਲਹੌਰ ਬ੍ਰਾਂਚ ਨਹਿਰ, ਜੋ ਅਲੀਵਾਲ (ਗੁਰਦਾਸਪੁਰ) ਤੋਂ ਸ਼ੁਰੂ ਹੁੰਦੀ ਹੋਈ ਹਲਕਾ ਰਾਜਾਸਾਂਸੀ, ਜਿਲ੍ਹਾ ਅੰਮ੍ਰਿਤਸਰ ਦੇ ਪਿੰਡਾਂ ਵਿੱਚ (ਵਾਇਆ ਫਤਿਹਗੜ੍ਹ ਚੂੜੀਆਂ ਤੋਂ ਅਜਨਾਲਾ ਰਾਹੀਂ) ਪਹੁੰਚਦੀ ਹੈ, ਦੀ ਜੋ ਲਾਇਨਿੰਗ ਦਾ ਕੰਮ ਚੱਲ ਰਿਹਾ ਸੀ, ਉਸ ਦੀ ਤਾਜ਼ਾ ਸਥਿਤੀ ਕੀ ਹੈ ਅਤੇ ਇਹ ਕੰਮ ਕਦੋਂ ਤੱਕ ਮੁਕੰਮਲ ਹੋਣ ਦੀ ਆਸ ਹੈ;

**ਅ)** ਪਿੰਡ ਭੋਮਾ ਦੇ ਨਜ਼ਦੀਕ ਜੋ 18780 ਫੁੱਟ ਦਾ ਕੰਮ ਬਕਾਇਆ ਰਹਿੰਦਾ ਹੈ, ਉਹ ਕਦੋਂ ਤੱਕ ਪੂਰਾ ਕਰ ਦਿੱਤਾ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

## ਸਰਕਾਰ ਵੱਲੋਂ ਮੈਕਸ ਹਸਪਤਾਲ ਨੂੰ ਜ਼ਮੀਨ ਅਲਾਟ ਕਰਨ ਸਮੇਂ ਤੈਅ ਹੋਈਆਂ ਸ਼ਰਤਾਂ ਅਨੁਸਾਰ ਅਦਾ ਕੀਤੀ ਜਾਣ ਵਾਲੀ ਰਾਸ਼ੀ ਦੇ ਵੇਰਵੇ

***962 ਸ. ਕੁਲਵੰਤ ਸਿੰਘ (ਐਸ.ਏ.ਐਸ. ਨਗਰ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਵੱਲੋਂ ਮੈਕਸ ਹਸਪਤਾਲ ਫ਼ੇਜ਼ 6 ਐਸ.ਏ.ਐਸ. ਨਗਰ ਨੂੰ ਹਸਪਤਾਲ ਦੀ ਉਸਾਰੀ ਲਈ ਜ਼ਮੀਨ ਕੁੱਝ ਸ਼ਰਤਾਂ ਜਿਵੇਂ ਕਿ ਇਸ ਹਸਪਤਾਲ ਦੇ ਚਾਲੂ ਹੋਣ ਉਪਰੰਤ ਇਸ ਹਸਪਤਾਲ ਨੂੰ ਮਰੀਜ਼ਾਂ ਜਾਂ ਹੋਰ ਵਸੀਲਿਆਂ ਤੋਂ ਪ੍ਰਾਪਤ ਹੋਣ ਵਾਲੀ ਕੁੱਲ ਰਾਸ਼ੀ ਦਾ ਕੁੱਝ ਹਿੱਸਾ ਸਰਕਾਰ ਨੂੰ ਦੇਣ ਦੇ ਅਧਾਰ ਤੇ ਦਿੱਤੀ ਗਈ ਸੀ; ਕੀ ਸ਼ਰਤਾਂ ਮੁਤਾਬਕ ਇਸ ਹਸਪਤਾਲ ਵੱਲੋਂ ਬਣਦੀ ਰਾਸ਼ੀ ਸਰਕਾਰ ਨੂੰ ਦਿੱਤੀ ਜਾ ਰਹੀ ਹੈ; ਜੇਕਰ ਹਾਂ ਤਾਂ ਇਸ ਤਰ੍ਹਾਂ ਹੁਣ ਤੱਕ ਕਿੰਨੀ ਰਾਸ਼ੀ ਸਰਕਾਰ ਨੂੰ ਪ੍ਰਾਪਤ ਹੋਈ ਹੈ ਅਤੇ ਉਹ ਰਾਸ਼ੀ ਕਿਸ ਮਕਸਦ ਲਈ ਖ਼ਰਚ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਸ਼੍ਰੀ ਮੁਕਤਸਰ ਸਾਹਿਬ ਨੂੰ ਸੈਰ ਸਪਾਟਾ ਅਤੇ ਟੂਰਿਜ਼ਮ ਸਥਾਨ ਵਜੋਂ ਵਿਕਸਿਤ ਕਰਨਾ।

***1056 ਸ. ਜਗਦੀਪ ਸਿੰਘ ਕਾਕਾ ਬਰਾੜ ( ਮੁਕਤਸਰ ):**

**ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ**

ਕੀ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸ਼੍ਰੀ ਮੁਕਤਸਰ ਸਾਹਿਬ ਦੇ ਸੁੰਦਰੀ ਕਰਨ ਅਤੇ ਬਤੌਰ ਟੂਰਿਜ਼ਮ ਸਥਾਨ ਵੱਜੋਂ ਵਿਕਸਿਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਜਾਅਲੀ ਐੱਸ. ਸੀ. ਸ਼੍ਰੇਣੀ ਦੇ ਸਰਟੀਫਿਕੇਟ ਬਣਾਉਣ ਵਾਲੇ ਵਿਅਕਤੀਆਂ ਨੂੰ ਫੜਨ ਲਈ ਵਿਸ਼ੇਸ਼ ਟੀਮ ਬਣਾਉਣਾ।

***977 ਸ਼੍ਰੀ ਅਮਿਤ ਰਤਨ ਕੋਟਫੱਤਾ ( ਬਠਿੰਡਾ ਦਿਹਾਤੀ ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ**

ਕੀ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਜਾਅਲੀ ਐੱਸ. ਸੀ. ਸ਼੍ਰੇਣੀ ਦੇ ਸਰਟੀਫਿਕੇਟ ਵਾਲੇ ਵਿਅਕਤੀਆਂ/ਸਰਕਾਰੀ ਕਰਮਚਾਰੀਆਂ ਨੂੰ ਫੜਨ ਲਈ ਕੋਈ ਵਿਸ਼ੇਸ਼ ਜਾਂਚ ਟੀਮ ਬਣਾਈ ਗਈ ਹੈ; ਕੀ ਵਿਭਾਗ ਨੇ ਜਾਅਲੀ ਸਰਟੀਫਿਕੇਟਾਂ 'ਤੇ ਸਰਕਾਰੀ ਨੌਕਰੀ ਕਰਨ ਵਾਲਿਆਂ ਲਈ ਕੋਈ ਦਿਸ਼ਾ ਨਿਰਦੇਸ਼ ਜਾਰੀ ਕਿੱਤੇ ਹਨ; ਕੀ ਜਾਅਲੀ ਐੱਸ. ਸੀ/ਐੱਸ. ਟੀ./ਬੀ. ਸੀ. ਸਰਟੀਫਿਕੇਟ ਵਾਲੇ ਅਜਿਹੇ ਸਰਕਾਰੀ ਅਧਿਕਾਰੀਆਂ ਦੇ ਮਾਮਲਿਆਂ ਦੀ ਜਾਂਚ ਕਰਨ ਵਾਲੀ ਜਾਂਚ ਏਜੰਸੀ ਨੂੰ ਕੋਈ ਸਮਾਂ ਸੀਮਾ ਦਿੱਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਖਰੜ ਸੀਵਰੇਜ ਟਰੀਟਮੈਂਟ ਪਲਾਂਟ ਦਾ ਕੰਮ ਮੁਕੰਮਲ ਕਰਨਾ

***981 ਸ. ਚਰਨਜੀਤ ਸਿੰਘ (ਚਮਕੌਰ ਸਾਹਿਬ):**

**ਸਥਾਨਕ ਸਰਕਾਰਾਂ, ਸੰਸਦੀ ਮਾਮਲੇ**

ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਖਰੜ ਸੀਵਰੇਜ ਟਰੀਟਮੈਂਟ ਪਲਾਂਟ ਦਾ ਕੰਮ ਜਲਦੀ ਮੁਕੰਮਲ ਕਰਨ ਦਾ ਕੋਈ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਇਹ ਪਲਾਂਟ ਕਦੋਂ ਤੱਕ ਮੁਕੰਮਲ ਹੋ ਜਾਵੇਗਾ?

----

## ਬੁਢਲਾਡਾ ਦੇ ਪਿੰਡਾਂ ਦੀਆਂ ਲਿੰਕ ਸੜਕਾਂ ਅਤੇ ਪਹੀਆਂ ਦੇ ਕਿਨਾਰਿਆਂ ਨੂੰ ਸਥਾਨਕ ਕਿਸਾਨਾਂ ਵੱਲੋਂ ਆਪਣੇ ਖੇਤਾਂ ਨਾਲ ਮਿਲਾਉਣਾ।

***988 ਸ਼੍ਰੀ ਬੁੱਧ ਰਾਮ (ਬੁਢਲਾਡਾ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :-**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:

ੳ) ਕੀ ਇਹ ਠੀਕ ਹੈ ਕਿ ਹਲਕਾ ਬੁਢਲਾਡਾ ਦੇ ਪਿੰਡਾਂ ਦੀਆਂ ਲਿੰਕ ਸੜਕਾਂ ਅਤੇ ਪਹੀਆਂ ਦੇ ਕਿਨਾਰਿਆਂ ਨੂੰ ਸਥਾਨਕ

ਕਿਸਾਨਾਂ ਵੱਲੋਂ ਆਪਣੇ ਖੇਤਾਂ ਵਿੱਚ ਮਿਲਾ ਲਿਆ ਗਿਆ ਹੈ;

ਅ) ਕੀ ਉਪਰੋਕਤ ਸੜਕਾਂ ਦੇ ਦੋਹੀਂ ਪਾਸੀਂ ਥਾਂ ਛੱਡਣ ਲਈ ਕੋਈ ਸਰਕਾਰੀ ਨਿਯਮ ਹਨ; ਜੇਕਰ ਇਹ ਨਿਯਮ ਹੈ ਤਾਂ ਕੀ ਕਿਸਾਨਾਂ ਦੁਆਰਾ ਕਬਜੇ ਕੀਤੀ ਬਰਮ ਦੀ ਜਗਾ ਨੂੰ ਛੁਡਾਉਣ ਦੀ ਕੋਈ ਸਕੀਮ/ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਉਸ ਦੇ ਕੀ ਵੇਰਵੇ ਹਨ?

----

## ਗੁਰਦਾਸਪੁਰ ਅਤੇ ਬਰਨਾਲਾ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ ਦੀਆਂ ਖਾਲੀ ਅਸਾਮੀਆਂ ਦੇ ਵੇਰਵੇ

***1014 ਸ਼੍ਰੀਮਤੀ ਅਰੁਣਾ ਚੌਧਰੀ (ਦੀਨਾ ਨਗਰ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :-**

ਕੀ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਜ਼ਿਲ੍ਹਾ ਗੁਰਦਾਸਪੁਰ ਅਤੇ ਬਰਨਾਲਾ ਵਿੱਚ ਇਸ ਸਮੇਂ ਕਿਹੜੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਕਦੋਂ ਤੋਂ ਤਾਇਨਾਤ ਹਨ; ਵੇਰਵੇ ਸਹਿਤ ਦੱਸਿਆ ਜਾਵੇ;

ਅ) ਜ਼ਿਲ੍ਹਾ ਗੁਰਦਾਸਪੁਰ ਵਿੱਚ ਮੌਜੂਦਾ ਸਮੇਂ ਵਿੱਚ ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ ਦੀਆਂ ਬਲਾਕ-ਵਾਰ ਕਿੰਨੀਆਂ ਆਸਾਮੀਆਂ ਖਾਲੀ ਪਈਆ ਹਨ ਅਤੇ ਕਿਹੜੇ ਵਿਅਕਤੀਆਂ ਨੂੰ ਉਨ੍ਹਾਂ ਦੇ ਅਸਲੀ ਅਹੁਦੇ ਦੇ ਬਜਾਏ ਬਲਾਕ ਵਿਕਾਸ ਪੰਚਾਇਤ ਅਫਸਰ ਦੀਆਂ ਖਾਲੀਆਂ ਪਈਆਂ ਆਸਾਮੀਆਂ ਦੇ ਵਿਰੁੱਧ ਚਾਰਜ ਸੌਂਪਿਆ ਗਿਆ ਹੈ;ਵੇਰਵੇ ਸਹਿਤ ਦੱਸਿਆ ਜਾਵੇ;

ੲ) ਉਪਰੋਕਤ ਖਾਲੀ ਅਸਾਮੀਆਂ ਤੇ ਕਦੋਂ ਤੱਕ ਨਿਯਮਿਤ ਰੂਪ ਵਿੱਚ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਰੱਖ ਦਿੱਤੇ ਜਾਣ ਦੀ ਸੰਭਾਵਨਾ ਹੈ?

----

## ਹਲਕਾ ਰਾਮਪੁਰਾ ਫੂਲ ਦੇ ਸਿਵਲ ਹਸਪਤਾਲ ਲਈ ਡਿਜੀਟਲ ਮਸ਼ੀਨਾਂ ਉਪਲਬਧ ਕਰਵਾਉਣਾ

***1007 ਸ਼੍ਰੀ ਬਲਕਾਰ ਸਿੰਘ ਸਿੱਧੂ (ਰਾਮਪੁਰਾ ਫੂਲ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਰਾਮਪੁਰਾ ਫੂਲ ਦੇ ਸਿਵਲ ਹਸਪਤਾਲ ਵਿੱਚ ਮਰੀਜਾਂ ਲਈ ਡਿਜੀਟਲ ਅਲਟਰਾਸਾਉਂਡ ਮਸ਼ੀਨ, ਇੰਡੋਸਕੋਪੀ, ਸਿਟੀ ਸਕੈਨ ਅਤੇ ਐਮ.ਆਰ.ਆਈ. ਮਸ਼ੀਨਾਂ ਉਪਲਬਧ ਨਹੀਂ ਹਨ; ਜੇਕਰ ਅਜਿਹਾ ਹੈ ਤਾਂ ਕੀ ਹਲਕਾ ਰਾਮਪੁਰਾ ਫੂਲ ਦੇ ਸਿਵਲ ਹਸਪਾਲ ਵਿੱਚ ਉਕਤ ਮਸ਼ੀਨਾਂ ਉਪਲੱਬਧ ਕਰਵਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਪੰਜ ਏਕੜ ਤੋਂ ਘੱਟ ਦੀ ਮਾਲਕੀ ਰੱਖਦੇ ਕਿਸਾਨਾਂ ਨੂੰ ਮੋਟਰ ਕੁਨੈਕਸ਼ਨ ਦੇਣਾ**

***1008 ਸ. ਗੁਰਪ੍ਰੀਤ ਸਿੰਘ ਬਨਾਂਵਲੀ ( ਸਰਦੂਲਗੜ੍ਹ):**

**ਲੋਕ ਨਿਰਮਾਣ, ਬਿਜਲੀ**

ਕੀ ਬਿਜਲੀ ਮੰਤਰੀ ਕਿਰਪਾ ਦੱਸਣਗੇ ਕਿ ਜੋ ਕਿਸਾਨ ਪੰਜ ਏਕੜ ਤੋਂ ਘੱਟ ਦੀ ਮਾਲਕੀ ਰੱਖਦੇ ਹਨ, ਕੀ ਉਨ੍ਹਾਂ ਨੂੰ ਪਹਿਲ ਦੇ ਅਧਾਰ ਤੇ ਮੋਟਰ ਕੁਨੈਕਸ਼ਨ ਦੇਣ ਬਾਰੇ ਅਤੇ ਜੋ ਕਿਸਾਨ ਆਪਣੀ ਤਕਸੀਮ ਕਰਵਾਕੇ ਆਪਣਾ ਖਾਤਾ ਅਲੱਗ ਕਰਵਾ ਲੈਂਦੇ ਹਨ, ਉਨ੍ਹਾਂ ਨੂੰ ਲੋਡ ਵਧਾ ਕੇ ਵੱਖਰੇ-ਵੱਖਰੇ ਕੁਨੈਕਸ਼ਨ ਦੇਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਹਲਕਾ ਬੰਗਾ ਦੇ ਸਰਕਾਰੀ ਸਕੂਲਾਂ ਦੀਆਂ ਖਾਲੀ ਅਸਾਮੀਆਂ ਭਰਨਾ।**

***1005 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਹਲਕਾ ਬੰਗਾ (ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਵਿੱਚ ਇਸ ਵੇਲੇ ਕਿੰਨੇ ਤੇ ਕਿਹੜੇ-ਕਿਹੜੇ ਸਰਕਾਰੀ ਸਕੂਲ ਅਧਿਆਪਕਾਂ ਤੋਂ ਬਗੈਰ ਹਨ;

ਅ) ਇਹਨਾਂ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ਼ ਦੀਆਂ ਕਿੰਨੀਆਂ-ਕਿੰਨੀਆਂ ਮਨਜ਼ੂਰਸ਼ੁਦਾ ਅਸਾਮੀਆਂ ਹਨ, ਇਨ੍ਹਾਂ ਵਿੱਚੋਂ ਕਿੰਨੀਆਂ ਅਸਾਮੀਆਂ ਖਾਲੀ ਪਈਆਂ ਹਨ ਅਤੇ ਇਨ੍ਹਾਂ ਖਾਲੀ ਅਸਾਮੀਆਂ ਨੂੰ ਕਦੋਂ ਤੱਕ ਭਰ ਦਿੱਤਾ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

**ਸਹਿਕਾਰੀ ਅਤੇ ਪ੍ਰਾਈਵੇਟ ਮਿੱਲਾਂ ਦੁਆਰਾ ਕਿਸਾਨਾਂ ਨੂੰ ਗੰਨੇ ਦੀ ਬਕਾਇਆ ਰਾਸ਼ੀ ਦੇਣਾ**

***998 ਸ਼੍ਰੀ ਵਿਕਰਮਜੀਤ ਸਿੰਘ ਚੌਧਰੀ (ਫਿਲੌਰ):**

**ਮੁੱਖ ਮੰਤਰੀ :-**

ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਹਿਕਾਰੀ ਅਤੇ ਪ੍ਰਾਈਵੇਟ ਮਿੱਲਾਂ ਦੁਆਰਾ ਕ੍ਰਮਵਾਰ ਪੰਜਾਬ ਦੇ ਕਿਸਾਨਾਂ ਨੂੰ ਗੰਨੇ ਦੀ ਦੇਣ ਯੋਗ ਬਕਾਇਆ ਰਕਮ ਕਿੰਨੀ ਹੈ;

ਅ) ਕਿਸਾਨਾਂ ਦੇ ਬਕਾਏ ਦੇਣ ਵਿੱਚ ਦੇਰੀ ਦੇ ਕੀ ਕਾਰਨ ਹਨ ਅਤੇ ਬਕਾਇਆ ਰਾਸ਼ੀ ਕਦੋਂ ਤੱਕ ਕਿਸਾਨਾਂ ਨੂੰ ਅਦਾ ਕਰ ਦਿੱਤੀ ਜਾਵੇਗੀ?

----

**ਸੰਗਰੂਰ ਦੇ ਪਿੰਡ ਚੰਨੋਂ ਦੇ ਸਰਕਾਰੀ ਸਕੂਲ ਵਿੱਚ ਮੈਡੀਕਲ ਅਤੇ ਨੋਨ ਮੈਡੀਕਲ ਸਟਰੀਮ ਸ਼ੁਰੂ ਕਰਨਾ**

***1000 ਸ਼੍ਰੀਮਤੀ ਨਰਿੰਦਰ ਕੌਰ ਭਰਾਜ (ਸੰਗਰੂਰ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਹਲਕਾ ਸੰਗਰੂਰ ਦੇ ਪਿੰਡ ਚੰਨੋਂ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ +1 ਅਤੇ +2 ਲਈ ਮੈਡੀਕਲ ਅਤੇ ਨੋਨ ਮੈਡੀਕਲ ਸਟਰੀਮ ਸ਼ੁਰੂ ਨਹੀਂ ਕੀਤੀ ਗਈ; ਜੇਕਰ ਅਜਿਹਾ ਹੈ ਤਾਂ ਕੀ ਉਕਤ ਸਕੂਲ ਵਿੱਚ ਮੈਡੀਕਲ ਅਤੇ ਨੋਨ ਮੈਡੀਕਲ ਸਟਰੀਮ ਕੋਰਸ ਸ਼ੁਰੂ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਹਲਕਾ ਚੱਬੇਵਾਲ ਵਿੱਚ ਬਣਾਈਆ ਗਈਆਂ ਸੜ੍ਹਕਾਂ ਦੇ ਵੇਰਵੇ**

***957 ਡਾ. ਰਾਜ ਕੁਮਾਰ (ਚੱਬੇਵਾਲ):**

**ਲੋਕ ਨਿਰਮਾਣ, ਬਿਜਲੀ**

ਕੀ ਲੋਕ ਨਿਰਮਾਣ (ਭ ਅਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਅਪ੍ਰੈਲ, 2022 ਤੋਂ ਹਲਕਾ ਚੱਬੇਵਾਲ ਵਿੱਚ ਕੁੱਲ ਕਿੰਨੇ ਕਿਲੋਮੀਟਰ ਲੰਬੀਆਂ ਸੜ੍ਹਕਾਂ ਦੀ ਵੱਖ-ਵੱਖ ਤੌਰ ਤੇ ਮੁਰੰਮਤ/ਵਿਸ਼ੇਸ਼ ਮੁਰੰਮਤ ਕੀਤੀ ਗਈ ਅਤੇ ਅਪ੍ਰੈਲ, 2022 ਤੋਂ ਹਲਕਾ ਚੱਬੇਵਾਲ ਵਿੱਚ ਬਣਾਈਆ ਗਈਆਂ ਸੜ੍ਹਕਾਂ ਦੀ ਕੁੱਲ ਲੰਬਾਈ ਕਿੰਨੇ ਕਿਲੋਮੀਟਰ ਹੈ ਅਤੇ ਇਹਨਾਂ ਸੜ੍ਹਕਾਂ ਦੇ ਨਾਮ ਕੀ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

**ਪਾਇਲ ਸ਼ਿਵ ਮੰਦਿਰ ਵਾਲੀ ਸੜਕ ਦੀ ਰਿਪੇਅਰ ਕਰਨਾ**

***936 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਸਥਾਨਕ ਸਰਕਾਰਾਂ, ਸੰਸਦੀ ਮਾਮਲੇ**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਦੱਸਣਗੇ ਕਿ ਪਾਇਲ ਸ਼ਿਵ ਮੰਦਿਰ ਵਾਲੀ ਸੜਕ ਦੀ ਰਿਪੇਅਰ ਕਰਾਉਣ ਦੀ ਕੋਈ ਤਜ਼ਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਟਰੋਮਾ ਸੈਂਟਰ ਖੋਲ੍ਹਣਾ**

***945 ਸ. ਗੁਰਦਿੱਤ ਸਿੰਘ ਸੇਖੋਂ (ਫਰੀਦਕੋਟ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਟਰੋਮਾ ਸੈਂਟਰ ਖੋਲ੍ਹਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਰੋਪੜ ਸ਼ਹਿਰ ਵਿਚ ਸਦਾ ਬਰਤ ਨੇਚਰ ਟਰੇਲ ਦੀ ਜਮੀਨ ਦੀ ਸਾਂਭ ਸੰਭਾਲ।**

***984 ਸ਼੍ਰੀ ਦਿਨੇਸ਼ ਕੁਮਾਰ ਚੱਢਾ (ਰੂਪਨਗਰ):**

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ**

ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਰੋਪੜ ਸ਼ਹਿਰ ਵਿਚ ਮੌਜੂਦ ਸਦਾ ਬਰਤ ਨੇਚਰ ਟਰੇਲ ਦੀ ਜ਼ਮੀਨ ਦਾ ਰਕੱਬਾ ਕਿੰਨਾ ਹੈ; ਇਸ ਨੇਚਰ ਟਰੇਲ ਦੀ ਸਾਂਭ ਸੰਭਾਲ ਅਤੇ ਇਸ ਨੂੰ ਈਕੋ ਟੂਰਿਸਟ ਸਾਈਟ ਵੱਜੋਂ ਵਿਕਸਤ ਕਰਨ ਲਈ ਕੀ ਕਦਮ ਚੁੱਕੇ ਜਾ ਰਹੇ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

**ਅੰਮ੍ਰਿਤਸਰ ਦੇ ਮਕਬੂਲ ਰੋਡ (ਰਤਨ ਸਿੰਘ ਚੌਂਕ ਤੋਂ ਰੇਸ ਕੋਰਸ ਰੋਡ) ਨੂੰ ਕਮਰਸ਼ੀਅਲ ਘੋਸ਼ਿਤ ਕਰਨਾ।**

***978 ਸ਼੍ਰੀ ਕੁੰਵਰ ਵਿਜੈ ਪ੍ਰਤਾਪ ਸਿੰਘ (ਅੰਮ੍ਰਿਤਸਰ ਉੱਤਰੀ):**

**ਸਥਾਨਕ ਸਰਕਾਰਾਂ, ਸੰਸਦੀ ਮਾਮਲੇ :-**

ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਕਰਣਗੇ ਕਿ;

ੳ) ਕੀ ਅੰਮ੍ਰਿਤਸਰ ਦੇ ਮਕਬੂਲ ਰੋਡ (ਰਤਨ ਸਿੰਘ ਚੌਂਕ ਤੋਂ ਰੇਸ ਕੋਰਸ ਰੋਡ) ਨੂੰ ਕਮਰਸ਼ੀਅਲ ਘੋਸ਼ਿਤ ਕਰਨ ਦਾ ਕੋਈ ਪ੍ਰਸਤਾਵ ਹੈ;ਜੇਕਰ ਹਾਂ, ਤਾਂ ਇਸ ਦੇ ਕੀ ਕਾਰਨ ਹਨ;

ਅ) ਕੀ ਇਹ ਠੀਕ ਹੈ ਕਿ ਇਹ ਪ੍ਰਸਤਾਵ ਰਾਜਨੀਤਿਕ ਮਾਫੀਆ ਦੇ ਦਬਾਅ ਹੇਠ ਲਿਆ ਜਾ ਰਿਹਾ ਹੈ;

ੲ) ਕੀ ਐਸਾ ਪ੍ਰਸਤਾਵ sustainable development goals ਦੇ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਕੀਤਾ ਜਾ ਰਿਹਾ ਹੈ?

----

**ਸਾਲ, 2023 ਦੌਰਾਨ ਬਰਸਾਤਾਂ ਤੋਂ ਪਹਿਲਾਂ ਹੜ੍ਹਾਂ ਦੀ ਰੋਕਥਾਮ ਲਈ ਕੀਤੇ ਉਪਰਾਲੇ ਅਤੇ ਜਾਰੀ ਕੀਤੇ ਗਏ ਫੰਡਾਂ ਦੇ ਵੇਰਵੇ**

***1012 ਸ. ਪ੍ਰਤਾਪ ਸਿੰਘ ਬਾਜਵਾ (ਕਾਦੀਆਂ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ :-**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਸਾਲ, 2023 ਦੌਰਾਨ ਬਰਸਾਤਾਂ ਤੋਂ ਪਹਿਲਾਂ ਪੰਜਾਬ ਵਿੱਚ ਹੜ੍ਹਾਂ ਦੀ ਰੋਕਥਾਮ ਲਈ ਸਰਕਾਰ ਵੱਲੋਂ ਕੀ-ਕੀ ਉਪਰਾਲੇ ਕੀਤੇ ਗਏ ਸਨ;

**ਅ**) ਹੜ੍ਹਾਂ ਤੋਂ ਬਚਾਅ ਲਈ ਕਿੰਨੇ ਫੰਡਜ਼ ਜਾਰੀ ਕੀਤੇ ਗਏ ਸਨ, ਕੀ ਜਾਰੀ ਕੀਤੇ ਗਏ ਫੰਡਾਂ ਨਾਲ ਸਾਰੇ ਪ੍ਰਬੰਧ ਬਰਸਾਤਾਂ ਤੋਂ ਪਹਿਲਾਂ-ਪਹਿਲਾਂ ਕਰਵਾ ਲਏ ਗਏ ਸਨ; ਵੇਰਵੇ ਸਹਿਤ ਜਾਵੇ;

**ੲ**) ਬਰਸਾਤਾਂ ਦੌਰਾਨ ਹੜ੍ਹਾਂ ਕਾਰਨ ਪੰਜਾਬ ਵਿੱਚ ਵਹਿੰਦੇ ਦਰਿਆਵਾਂ ਦੇ ਬੰਨ੍ਹ ਕਿੰਨੇ-ਕਿੰਨੇ ਥਾਵਾਂ ਤੇ ਟੁੱਟੇ ਸਨ ਅਤੇ ਇਸ ਕਾਰਨ ਕਿੰਨੀਆਂ ਫਸਲਾਂ ਅਤੇ ਘਰ ਨੁਕਸਾਨੇ ਗਏ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ, 160001.** **ਰਾਮ ਲੋਕ ਖਟਾਣਾ,**
**ਸ਼ੁੱਕਰਵਾਰ 01 ਮਾਰਚ, 2024.** **ਸਕੱਤਰ**